# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 05-08-2025**

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਰਕਾਰ ਨੇ ਪਿਛਲੇ ਗਿਆਰਾਂ ਸਾਲਾਂ ਵਿੱਚ ਕਿਸਾਨਾਂ ਦੀ ਆਮਦਨ ਵਧਾਉਣ ਲਈ ਕਈ ਉਪਾਅ ਕੀਤੇ ਨੇ. ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸਵਾਲਾਂ ਦੇ ਜਵਾਬ ਦਿੰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ, ਪ੍ਰਧਾਨ ਮੰਤਰੀ ਕਿਸਾਨ SAMMAN ਨਿਧੀ ਤਹਿਤ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿਧਿਆਂ ਚਾਰ ਲੱਖ ਕਰੋੜ ਰੁਪਏ ਪਾਏ ਗਏ ਨੇ. ਉਨ੍ਹਾਂ ਕਿਹਾ ਕਿ, ਸਰਕਾਰ ਨੇ ਕਿਸਾਨਾਂ ਨੂੰ 14 ਲੱਖ ਕਰੋੜ ਰੁਪਏ ਤੋਂ ਵੱਧ ਦੀ ਖਾਦ ਸਬਸਿਡੀ ਵੀ ਪ੍ਰਦਾਨ ਕੀਤੀ ਏ.

---------------------------------------------------------------------

ਪੰਜਾਬ ਵਿੱਚ, ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ, 2021 ਦੇ ਮੁਕਾਬਲੇ 2024 ਵਿੱਚ ਕਾਫ਼ੀ ਕਮੀ ਆਈ ਏ। ਇਹ ਵੱਡੀ ਗਿਰਾਵਟ ਨੇਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ, ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧ ਲਈ ਮਸ਼ੀਨਰੀ ਤੱਕ ਪਹੁੰਚ ਅਤੇ ਕੁਝ ਨਵੇਂ ਨੀਤੀਗਤ ਕਦਮ

ਉਠਾਏ ਜਾਣ ਕਾਰਨ ਪ੍ਰਾਪਤ ਹੋਈ ਏ. 2021 ਵਿੱਚ ਪੰਜਾਬ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਦੀ ਗਿਣਤੀ 71 ਹਜ਼ਾਰ304 ਸੀ ਜੋ 2024 ਵਿੱਚ ਘਟ ਕੇ 10 ਹਜ਼ਾਰ 909 ਹੋ ਗਈ ਏ। ਇਹ ਜਾਣਕਾਰੀ ਚੁਗਿਰਦੇ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਕੱਲ੍ਹ ਲੋਕ ਸਭਾ ਵਿੱਚ ਹਰਿਆਣਾ ਤੋਂ ਸੰਸਦ ਮੈਂਬਰ ਕੁਮਾਰੀ ਸ਼ੈਲਜਾ ਨੂੰ ਇੱਕ ਲਿਖਤੀ ਜਵਾਬ ਵਿੱਚ ਦਿੱਤੀ। ਇਸ ਦੇ ਨਾਲ ਹੀ, ਮੰਤਰੀ ਨੇ ਇਹ ਵੀ ਦੱਸਿਆ ਕਿ ਕਿਸਾਨਾਂ ਵਲੋਂ ਪਰਾਲੀ ਸਾੜਨਾ, ਰਾਸ਼ਟਰੀ ਰਾਜਧਾਨੀ ਖੇਤਰ (NCR) ਵਿੱਚ ਹਵਾ ਪ੍ਰਦੂਸ਼ਣ ਦਾ ਮੁੱਖ ਕਾਰਨ ਨਹੀਂ ਏ। ਉਨ੍ਹਾਂ ਕਿਹਾ ਕਿ ਇਹ ਕਈ ਕਾਰਕਾਂ ਜਿਵੇਂ ਕਿ ਵਾਹਨਾਂ ਦੇ ਧੂਏ, ਸਨਅਤੀ ਪ੍ਰਦੂਸ਼ਣ, ਇਮਾਰਤਾਂ ਦੀ ਉਸਾਰੀ ਅਤੇ ਢਾਹੁਣ ਦੀਆਂ ਗਤੀਵਿਧੀਆਂ ਤੋਂ ਨਿਕਲਣ ਵਾਲੀ ਧੂੜ, ਸੜਕ ਦੀ ਧੂੜ, ਅਤੇ ਨਗਰ ਨਿਗਮ ਵਲੋਂ ਠੋਸ ਰਹਿੰਦ-ਖੂੰਹਦ ਨੂੰ ਸਾੜਨਾ ਸ਼ਾਮਲ ਏ। ਹਾਲਾਂਕਿ, ਉਨ੍ਹਾਂ ਕਿਹਾ ਕਿ ਉੱਤਰੀ ਰਾਜਾਂ ਪੰਜਾਬ, ਹਰਿਆਣਾ, ਤੇ ਉੱਤਰ ਪ੍ਰਦੇਸ਼ ਦੇ NCR ਜ਼ਿਲ੍ਹਿਆਂ ਅਤੇ ਐਨਸੀਆਰ ਦੇ ਹੋਰ ਇਲਕਿਆਂ ਵਿੱਚ ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਚਿੰਤਾ ਦਾ ਵਿਸ਼ਾ ਨੇ ਅਤੇ NCR ਵਿੱਚ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਤ ਕਰਦੀਆਂ ਨੇ, ਖਾਸ ਕਰਕੇ ਅਕਤੂਬਰ ਅਤੇ ਨਵੰਬਰ ਦੇ ਸਮੇਂ ਵਿੱਚ। ਇਸ ਦੌਰਾਨ, ਹਰਿਆਣਾ ਵਿੱਚ ਪਰਾਲੀ ਸਾੜਨ ਦੇ 1, ਹਜ਼ਾਰ 406 ਮਾਮਲੇ ਸਾਹਮਣੇ ਆਏ ਨੇ, ਜਿਸ

ਵਿੱਚ ਸਾਲ 2024 ਵਿੱਚ 2021 ਦੇ ਮੁਕਾਬਲੇ ਲਗਭਗ 80 ਫੀਸਦੀ ਮਾਮਲਿਆਂ ਦੀ ਗਿਰਾਵਟ ਦਰਜ ਕੀਤੀ ਗਈ ਏ ਜਦੋਂ ਅਜਿਹੇ ਮਾਮਲਿਆਂ ਦੀ ਗਿਣਤੀ 6, ਹਜ਼ਾਰ 987 ਸੀ। ਸ਼੍ਰੀ ਸਿੰਘ ਨੇ ਕਿਹਾ ਕਿ ਸਰਕਾਰ ਨੇ ਹਾਲ ਹੀ ਦੇ ਸਾਲਾਂ ਵਿੱਚ ਪਰਾਲੀ ਸਾੜਨ ਤੋਂ ਹਵਾ ਪ੍ਰਦੂਸ਼ਣ ਦੀ ਜਾਂਚ ਅਤੇ ਇਸ ‘ਤੇ ਕੰਟ੍ਰੋਲ ਲਈ ਝੋਨੇ ਦੀ ਪਰਾਲੀ ਦੇ ਇਨ-ਸੀਟੂ ਪ੍ਰਬੰਧ ਲਈ ਮਸ਼ੀਨਰੀ ਨੂੰ ਸਬਸਿਡੀ ਦੇਣ ਤੋਂ ਇਲਾਵਾ ਕਈ ਉਪਾਅ ਲਾਗੂ ਕੀਤੇ ਨੇ.

---------------------------------------------------------------------

ਜਲੰਧਰ ਦੂਰਦਰਸ਼ਨ, DD ਪੰਜਾਬੀ ਦੇ 25 ਸਾਲ ਪੂਰੇ ਹੋਣ ਨੂੰ ਮਨਾ ਰਿਹਾ ਏ. dd ਪੰਜਾਬੀ ਦੀ ਸਿਲਵਰ ਜੁਬਲੀ ਨੂੰ ਮਨਾਉਣ ਲਈ ਅੱਜ ਸ਼ਾਮੀਂ ਇੱਕ ਵਿਸ਼ੇਸ਼ ਸਮਾਰੋਹ ਜਲੰਧਰ ਦੂਰਦਰਸ਼ਨ ਵਿਖੇ ਕਰਾਇਆ ਜਾ ਰਿਹਾ ਏ. ਪ੍ਰਸਾਰ ਭਾਰਤੀ ਦੇ CHAIRMAN ਸ਼੍ਰੀ ਨਵਨੀਤ ਸਹਿਗਲ ਅੱਜ ਅਤੇ ਭਲਕੇ ਜਲੰਧਰ ਤੇ ਅਮ੍ਰਿਤਸਰ ‘ਚ ਸਮਾਰੋਹਾਂ ‘ਚ ਹਿੱਸਾ ਲੈਣਗੇ. ਡੀ.ਡੀ. ਪੰਜਾਬੀ ਚੈਨਲ ਨੇ 6 ਅਗਸਤ 1998 ਨੂੰ ਜਲੰਧਰ ਤੋਂ ਸੈਟੇਲਾਈਟ ਸੇਵਾ ਦੀ ਸ਼ੁਰੂਆਤ ਕੀਤੀ ਸੀ । ਇਸ ਦੀ ਸਥਾਪਨਾ ਸਮਕਾਲੀ ਸੂਚਨਾ ਤੇ ਪ੍ਰਸਾਰਣ ਮੰਤਰੀ ਸ਼੍ਰੀਮਤੀ ਸੁਸ਼ਮਾ ਸਵਰਾਜ ਵੱਲੋਂ ਕੀਤੀ ਗਈ ਸੀ. 24 ਘੰਟੇ ਚੈਨਲ ਦੀ ਪ੍ਰਸਾਰਣ ਸੇਵਾ 5 ਅਗਸਤ 2000

ਨੂੰ ਸਮਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਸ਼ੁਰੂ ਕੀਤੀ ਅਤੇ ਉਹਨਾਂ ਨਾਲ ਉਸ ਵੇਲੇ ਸਮਕਾਲੀ ਸੂਚਨਾ ਤੇ ਪ੍ਰਸਾਰਣ ਮੰਤਰੀ ਸ਼੍ਰੀ ਅਰੁਣ ਜੇਟਲੀ ਵੀ ਮੌਜੂਦ ਸਨ। ਡੀ.ਡੀ. ਪੰਜਾਬੀ ਨਾ ਸਿਰਫ਼ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਉਭਾਰਦਾ ਏ, ਸਗੋਂ ਇਹ ਪੂਰੇ ਦੇਸ਼ ਵਿਚ ਪੰਜਾਬ ਦੀ ਲੋਕਧਾਰਾ, ਰੀਤ-ਰਿਵਾਜ, ਕਲਾ, ਸੰਗੀਤ ਅਤੇ ਲੋਕ-ਰਵਾਇਤਾਂ ਨੂੰ ਪ੍ਰਸਾਰਿਤ ਕਰਦਾ ਏ। ਇਹ ਚੈਨਲ ਭਾਰਤ ਦੇ ਲੋਕਾਂ ਦੀ ਮੀਡੀਆ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਪੰਜਾਬੀ ਵਿਰਸੇ ਨੂੰ ਵੀ ਫੈਲਾਉਂਦਾ ਏ।

---------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਪੰਜਾਬ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅੰਤਿਮ ਦੌਰ ਵਿੱਚ ਪਹੁੰਚ ਚੁੱਕੀ ਏ ਅਤੇ ਪਿੰਡਾਂ ਤੇ ਸ਼ਹਿਰਾਂ ਲਈ ਡਿਫੈਂਸ ਕਮੇਟੀਆਂ ਪੰਜਾਬ ਵਿੱਚੋਂ ਨਸ਼ਾ ਤਸਕਰੀ ਨੂੰ ਪੂਰੀ ਤਰ੍ਹਾਂ ਮਿਟਾ ਦੇਣਗੀਆਂ। ਕਲ੍ਹ ਲੁਧਿਆਣਾ 'ਚ ਪਿੰਡਾਂ ਅਤੇ ਸ਼ਹਿਰਾਂ ਲਈ ਡਿਫੈਂਸ ਕਮੇਟੀਆਂ ਦੇ ਗਠਨ ਦੀ ਸ਼ੁਰੂਆਤ ਮੌਕੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬੀਤੀ 4 ਫਰਵਰੀ ਤੋਂ ਸੂਬੇ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸ਼ੁਰੂਆਤ ਕੀਤੀ ਸੀ, ਜਿਸ ਤਹਿਤ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਏ। ਉਨ੍ਹਾਂ ਕਿਹਾ ਕਿ ਇਸ ਮੁਹਿੰਮ

ਨਾਲ ਨਸ਼ਿਆਂ ਦੀ ਸਪਲਾਈ ਲੜੀ ਕਰੀਬ – ਕਰੀਬ ਟੁੱਟ ਚੁਕੀ ਏ. ਸ੍ਰੀ ਮਾਨ ਨੇ ਇਸ ਮੁਹਿੰਮ ‘ਚ ਸਹਿਯੋਗ ਦੇਣ ਲਈ ਸਾਰੇ ਪੰਜਾਬੀਆਂ ਦਾ ਧੰਨਵਾਦ ਵੀ ਕੀਤਾ. ਮੁੱਖ ਮੰਤਰੀ ਨੇ ਕਿਹਾ ਕਿ ਹੁਣ ਪਿੰਡਾਂ ਅਤੇ ਸ਼ਹਿਰਾਂ ਨੂੰ ਭਵਿੱਖ ਵਿੱਚ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਰੱਖਣ ਲਈ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਏ ਤੇ ਨਾਲ ਹੀ ਕਿਹਾ ਕਿ ਓਹਨਾਂ ਨੂੰ ਪੂਰਾ ਭਰੋਸਾ ਏ ਕਿ ਇਹਨਾਂ ਕਮੇਟੀਆਂ ਦੇ ਮੈਂਬਰ ਨਸ਼ਿਆਂ ਵਿਰੁੱਧ ਜੰਗ ਦੇ ਜਰਨੈਲ ਬਣ ਕੇ ਪਿੰਡਾਂ ਤੇ ਸ਼ਹਿਰਾਂ ਦੀ ਰਾਖੀ ਕਰਨਗੇ.

---------------------------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਯਾਦਗਾਰੀ ਸਮਾਗਮ ਕਰਕੇ ਮਨਾਉਣ ਦੇ ਲਏ ਅਹਿਮ ਫੈਸਲੇ ਤਹਿਤ ਵਿਉਂਤੇ ਵੱਖ-ਵੱਖ ਧਾਰਮਿਕ ਸਮਾਗਮਾਂ ਸਬੰਧੀ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਤਰੁਣਪ੍ਰੀਤ ਸਿੰਘ ਸੌਂਦ ਨੇ ਪਟਿਆਲਾ ਜ਼ਿਲ੍ਹੇ ਦੇ ਵਿਧਾਇਕਾਂ, ਅਧਿਕਾਰੀਆਂ, ਕੌਂਸਲਰਾਂ, ਵਪਾਕਰ ਪ੍ਰਤੀਨਿਧੀਆਂ ਅਤੇ ਹੋਰ ਪਤਵੰਤਿਆਂ ਨਾਲ ਅਹਿਮ ਬੈਠਕ ਕੀਤੀ। ਇਸ ਮੌਕੇ ਉਨ੍ਹਾਂ ਨੇ ਜ਼ਿਲ੍ਹਾ ਪ੍ਰਸਾਸ਼ਨ ਨੂੰ ਸਮੁੱਚੇ ਪ੍ਰੋਗਰਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸੰਗਤ ਦੀ ਸਹੂਲਤ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਬਾਰੇ ਹਦਾਇਤਾਂ ਜਾਰੀ ਕੀਤੀਆਂ । ਦੋਵੇਂ ਕੈਬਨਿਟ ਮੰਤਰੀਆਂ ਨੇ ਦੱਸਿਆ ਕਿ ਪੰਜਾਬ 'ਚ 135 ਅਸਥਾਨ ਸ੍ਰੀ ਗੁਰੂ ਤੇਗ

ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਨੇ, ਜਿਨ੍ਹਾਂ 'ਚੋਂ ਸਭ ਤੋਂ ਵਧੇਰੇ 35 ਅਸਥਾਨ ਪਟਿਆਲਾ ਜ਼ਿਲ੍ਹੇ ਅੰਦਰ ਸਥਿਤ ਨੇ, ਜਿਨ੍ਹਾਂ ਦੇ ਚਹੁੰਪੱਖੀ ਵਿਕਾਸ ਲਈ 70 ਕਰੋੜ ਰੁਪਏ ਦੇ ਪ੍ਰਾਜੈਕਟ ਉਲੀਕੇ ਗਏ ਨੇ.